ਸੋਰਠਿ ਮਹਲਾ ੩ ਘਰੁ ੧ ਤਿਤੁਕੀ ੴ ਸਤਿਗੁਰ ਪ੍ਰਸਾਦਿ ॥ ਭਗਤਾ ਦੀ ਸਦਾ ਤੂ ਰਖਦਾ ਹਰਿ ਜੀਉ ਧੁਰਿ ਤੂ ਰਖਦਾ ਆਇਆ ॥ ਪ੍ਰਹਿਲਾਦ ਜਨ ਤੁਧੁ ਰਾਖਿ ਲਏ ਹਰਿ ਜੀਉ ਹਰਣਾਖਸੁ ਮਾਰਿ ਪਚਾਇਆ ॥ ਗੁਰਮੁਖਾ ਨੋ ਪਰਤੀਤਿ ਹੈ ਹਰਿ ਜੀਉ ਮਨਮੁਖ ਭਰਮਿ ਭੁਲਾਇਆ ॥੧॥ ਹਰਿ ਜੀ ਏਹ ਤੇਰੀ ਵਡਿਆਈ ॥ ਭਗਤਾ ਕੀ ਪੈਜ ਰਖੁ ਤੂ ਸੁਆਮੀ ਭਗਤ ਤੇਰੀ ਸਰਣਾਈ ॥ ਰਹਾਉ ॥ ਭਗਤਾ ਨੋ ਜਮੁ ਜੋਹਿ ਨ ਸਾਕੈ ਕਾਲੁ ਨ ਨੇੜੈ ਜਾਈ ॥ ਕੇਵਲ ਰਾਮ ਨਾਮੁ ਮਨਿ ਵਸਿਆ ਨਾਮੇ ਹੀ ਮੁਕਤਿ ਪਾਈ ॥ ਰਿਧਿ ਸਿਧਿ ਸਭ ਭਗਤਾ ਚਰਣੀ ਲਾਗੀ ਗੁਰ ਕੈ ਸਹਜਿ ਸੁਭਾਈ ॥੨॥ {ਪੰਨਾ 637}

ਨੋਟ:- ਤਿ-ਤੁਕੀ—ਤਿੰਨ ਤੁਕਾਂ ਵਾਲੀ, ਉਹ ਅਸ਼ਟਪਦੀ ਜਿਸ ਦੇ ਹਰੇਕ ਬੰਦ ਵਿਚ ਤਿੰਨ ਤੁਕਾਂ ਹਨ।

ਪਦਅਰਥ:- ਹਰਿ ਜੀਉ—ਹੇ ਪ੍ਰਭੂ ਜੀ! ਧੁਰਿ—ਧੁਰ ਤੋਂ, ਸ਼ੁਰੂ ਤੋਂ, ਜਦੋਂ ਦਾ ਸੰਸਾਰ ਬਣਿਆ ਹੈ ਤਦੋਂ ਦਾ। ਪ੍ਰਹਿਲਾਦ ਜਨ—ਪ੍ਰਹਿਲਾਦ ਅਤੇ ਇਹੋ ਜਿਹੇ ਹੋਰ ਸੇਵਕ। ਮਾਰਿ—ਮਾਰ ਕੇ। ਪਚਾਇਆ—ਖ਼ੁਆਰ ਕੀਤਾ, ਤਬਾਹ ਕਰ ਦਿੱਤਾ। ਪਰਤੀਤਿ—ਸਰਧਾ। ਮਨਮੁਖ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ। ਭਰਮਿ—ਭਟਕਣਾ ਵਿਚ।1।

ਵਡਿਆਈ—ਇੱਜ਼ਤ। ਪੈਜ—ਲਾਜ। ਸੁਆਮੀ—ਹੇ ਸੁਆਮੀ!। ਰਹਾਉ।

ਜਮੁ—ਮੌਤ, ਮੌਤ ਦਾ ਡਰ। ਜੋਹਿ ਨ ਸਾਕੈ—ਤੱਕ ਨਹੀਂ ਸਕਦਾ। ਕਾਲੁ—ਮੌਤ ਦਾ ਡਰ। ਮਨਿ—ਮਨ ਵਿਚ। ਨਾਮੇ ਹੀ—ਨਾਮ ਵਿਚ ਜੁੜ ਕੇ ਹੀ। ਮੁਕਤਿ—ਮੌਤ ਦੇ ਡਰ ਤੋਂ ਖ਼ਲਾਸੀ। ਰਿਧਿ ਸਿਧਿ—ਕਰਾਮਾਤੀ ਤਾਕਤਾਂ। ਗੁਰ ਕੈ—ਗੁਰੂ ਦੀ ਰਾਹੀਂ। ਸਹਜਿ—ਆਤਮਕ ਅਡੋਲਤਾ ਵਿਚ। ਸੁਭਾਈ—ਸੁਭਾਇ, ਪ੍ਰੇਮ ਵਿਚ।2।

ਅਰਥ:- ਹੇ ਹਰੀ! ਹੇ ਸੁਆਮੀ! ਭਗਤ ਤੇਰੀ ਸਰਨ ਪਏ ਰਹਿੰਦੇ ਹਨ, ਤੂੰ ਆਪਣੇ ਭਗਤਾਂ ਦੀ ਇੱਜ਼ਤ ਰੱਖ। ਹੇ ਹਰੀ! (ਭਗਤਾਂ ਦੀ ਇੱਜ਼ਤ) ਤੇਰੀ ਹੀ ਇੱਜ਼ਤ ਹੈ। ਰਹਾਉ।

ਹੇ ਹਰੀ! ਤੂੰ ਆਪਣੇ ਭਗਤਾਂ ਦੀ ਇੱਜ਼ਤ ਸਦਾ ਰੱਖਦਾ ਹੈਂ, ਜਦੋਂ ਤੋਂ ਜਗਤ ਬਣਿਆ ਹੈ ਤਦੋਂ ਤੋਂ (ਭਗਤਾਂ ਦੀ ਇੱਜ਼ਤ) ਰੱਖਦਾ ਆ ਰਿਹਾ ਹੈਂ। ਹੇ ਹਰੀ! ਪ੍ਰਹਿਲਾਦ ਭਗਤ ਵਰਗੇ ਅਨੇਕਾਂ ਸੇਵਕਾਂ ਦੀ ਤੂੰ ਇੱਜ਼ਤ ਰੱਖੀ ਹੈ, ਤੂੰ ਹਰਣਾਖਸ ਨੂੰ ਮਾਰ ਕੇ ਮੁਕਾ ਦਿੱਤਾ। ਹੇ ਹਰੀ! ਜੇਹੜੇ ਮਨੁੱਖ ਗੁਰੂ ਦੇ ਸਨਮੁਖ ਰਹਿੰਦੇ ਹਨ ਉਹਨਾਂ ਨੂੰ ਨਿਸ਼ਚਾ ਹੁੰਦਾ ਹੈ (ਕਿ ਤੂੰ ਭਗਤਾਂ ਦੀ ਇੱਜ਼ਤ ਬਚਾਂਦਾ ਹੈਂ, ਪਰ) ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਭਟਕਣਾ ਵਿਚ ਪੈ ਕੇ ਕੁਰਾਹੇ ਪਏ ਰਹਿੰਦੇ ਹਨ।1।

ਹੇ ਭਾਈ! ਭਗਤਾਂ ਨੂੰ ਮੌਤ ਡਰਾ ਨਹੀਂ ਸਕਦੀ, ਮੌਤ ਦਾ ਡਰ ਭਗਤਾਂ ਦੇ ਨੇੜੇ ਨਹੀਂ ਢੁਕਦਾ (ਕਿਉਂਕਿ ਮੌਤ ਦੇ ਡਰ ਦੇ ਥਾਂ) ਸਿਰਫ਼ ਪਰਮਾਤਮਾ ਦਾ ਨਾਮ (ਉਹਨਾਂ ਦੇ) ਮਨ ਵਿਚ ਵੱਸਦਾ ਹੈ, ਨਾਮ ਦੀ ਬਰਕਤਿ ਨਾਲ ਹੀ ਉਹ (ਮੌਤ ਦੇ ਡਰ ਤੋਂ) ਖ਼ਲਾਸੀ ਪ੍ਰਾਪਤ ਕਰ ਲੈਂਦੇ ਹਨ। ਭਗਤ ਗੁਰੂ ਦੀ ਰਾਹੀਂ (ਗੁਰੂ ਦੀ ਸ਼ਰਨ ਪੈ ਕੇ) ਆਤਮਕ ਅਡੋਲਤਾ ਵਿਚ ਪ੍ਰਭੂ-ਪਿਆਰ ਵਿਚ (ਟਿਕੇ ਰਹਿੰਦੇ ਹਨ, ਇਸ ਵਾਸਤੇ) ਸਭ ਕਰਾਮਾਤੀ ਤਾਕਤਾਂ ਭਗਤਾਂ ਦੀ ਚਰਨੀਂ ਲੱਗੀਆਂ ਰਹਿੰਦੀਆਂ ਹਨ।2।

ਮਨਮੁਖਾ ਨੋ ਪਰਤੀਤਿ ਨ ਆਵੀ ਅੰਤਰਿ ਲੋਭ ਸੁਆਉ ॥ ਗੁਰਮੁਖਿ ਹਿਰਦੈ ਸਬਦੁ ਨ ਭੇਦਿਓ ਹਰਿ ਨਾਮਿ ਨ ਲਾਗਾ ਭਾਉ ॥ ਕੂੜ ਕਪਟ ਪਾਜੁ ਲਹਿ ਜਾਸੀ ਮਨਮੁਖ ਫੀਕਾ ਅਲਾਉ ॥੩॥ ਭਗਤਾ ਵਿਚਿ ਆਪਿ ਵਰਤਦਾ ਪ੍ਰਭ ਜੀ ਭਗਤੀ ਹੂ ਤੂ ਜਾਤਾ ॥ ਮਾਇਆ ਮੋਹ ਸਭ ਲੋਕ ਹੈ ਤੇਰੀ ਤੂ ਏਕੋ ਪੁਰਖੁ ਬਿਧਾਤਾ ॥ ਹਉਮੈ ਮਾਰਿ ਮਨਸਾ ਮਨਹਿ ਸਮਾਣੀ ਗੁਰ ਕੈ ਸਬਦਿ ਪਛਾਤਾ ॥੪॥ ਅਚਿੰਤ ਕੰਮ ਕਰਹਿ ਪ੍ਰਭ ਤਿਨ ਕੇ ਜਿਨ ਹਰਿ ਕਾ ਨਾਮੁ ਪਿਆਰਾ ॥ ਗੁਰ ਪਰਸਾਦਿ ਸਦਾ ਮਨਿ ਵਸਿਆ ਸਭਿ

ਕਾਜ ਸਵਾਰਣਹਾਰਾ ॥ ਓਨਾ ਕੀ ਰੀਸ ਕਰੇ ਸੁ ਵਿਗੁਚੈ ਜਿਨ ਹਰਿ ਪ੍ਰਭੁ ਹੈ ਰਖਵਾਰਾ ॥ ੫॥ {ਪੰਨਾ 637-638}

ਪਦਅਰਥ:- ਨੋ—ਨੂੰ। ਆਵੀ—ਆਵੈ, ਆਉਂਦੀ। ਲੋਭ ਸੁਆਉ—ਲੋਭ ਦਾ ਸੁਆਰਥ, ਲੋਭ-ਭਰੀ ਗ਼ਰਜ਼। ਗੁਰਮੁਖਿ—ਗੁਰੂ ਦੀ ਸ਼ਰਨ ਪੈ ਕੇ। ਹਿਰਦੈ—ਹਿਰਦੇ ਵਿਚ। ਭੇਦਿਓ—ਵਿੱਝਿਆ। ਨਾਮਿ—ਨਾਮ ਵਿਚ। ਭਾਉ—ਪਿਆਰ। ਪਾਜੁ—ਮੁਲੰਮਾ। ਲਹਿ ਜਾਸੀ—ਉਤਰ ਜਾਏਗਾ। ਅਲਾਉ—ਅਲਾਪ, ਬੋਲ।3।

ਵਰਤਦਾ—ਕੰਮ ਕਰਦਾ। ਭਗਤੀ—ਭਗਤਾਂ ਨੇ। ਤੂ—ਤੈਨੂੰ। ਲੋਕ—ਸ੍ਰਿਸ਼ਟੀ। ਬਿਧਾਤਾ—ਰਚਨਹਾਰ। ਮਨਸਾ—{mnl—w} ਮਨੋ-ਕਾਮਨਾ। ਮਨਹਿ—ਮਨਿ ਹੀ, ਮਨ ਵਿਚ ਹੀ {ਲਫ਼ਜ਼ 'ਮਨਿ' ਦੀ 'ਿ' ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਈ ਹੈ}। ਸਬਦਿ—ਸ਼ਬਦ ਦੀ ਰਾਹੀਂ।4।

ਅਚਿੰਤ—ਚਿੰਤਾ ਤੋਂ ਬਿਨਾ ਹੀ। ਪ੍ਰਭ—ਹੇ ਪ੍ਰਭੂ! ਪਰਸਾਦਿ—ਕਿਰਪਾ ਨਾਲ। ਮਨਿ—ਮਨ ਵਿਚ। ਸਭਿ—ਸਾਰੇ। ਸੁ—ਉਹ (ਮਨੁੱਖ)। ਵਿਗੁਚੈ—ਖ਼ੁਆਰ ਹੁੰਦਾ ਹੈ।5।

ਅਰਥ:- ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖਾਂ ਨੂੰ (ਪਰਮਾਤਮਾ ਉਤੇ) ਯਕੀਨ ਨਹੀਂ ਬੱਝਦਾ, ਉਹਨਾਂ ਦੇ ਅੰਦਰ ਲੋਭ-ਭਰੀ ਗ਼ਰਜ਼ ਟਿਕੀ ਰਹਿੰਦੀ ਹੈ। ਗੁਰੂ ਦੀ ਸਰਨ ਪੈ ਕੇ ਉਹਨਾਂ (ਮਨਮੁਖਾਂ) ਦੇ ਹਿਰਦੇ ਵਿਚ ਗੁਰੂ ਦਾ ਸ਼ਬਦ ਨਹੀਂ ਵਿੱਝਦਾ, ਪਰਮਾਤਮਾ ਦੇ ਨਾਮ ਵਿਚ ਉਹਨਾਂ ਦਾ ਪਿਆਰ ਨਹੀਂ ਬਣਦਾ। ਮਨਮੁਖਾਂ ਦਾ ਬੋਲ ਭੀ ਰੁੱਖਾ ਰੁੱਖਾ ਹੁੰਦਾ ਹੈ। ਪਰ ਉਹਨਾਂ ਦਾ ਝੂਠ ਤੇ ਠੱਗੀ ਦਾ ਪਾਜ ਉੱਘੜ ਹੀ ਜਾਂਦਾ ਹੈ।3।

ਹੇ ਪ੍ਰਭੂ! ਆਪਣੇ ਭਗਤਾਂ ਵਿਚ ਤੂੰ ਆਪ ਕੰਮ ਕਰਦਾ ਹੈਂ, ਤੇਰੇ ਭਗਤਾਂ ਨੇ ਹੀ ਤੇਰੇ ਨਾਲ ਡੂੰਘੀ ਸਾਂਝ ਪਾਈ ਹੈ। ਪਰ, ਹੇ ਪ੍ਰਭੂ! ਮਾਇਆ ਦਾ ਮੋਹ ਭੀ ਤੇਰੀ ਹੀ ਰਚਨਾ ਹੈ, ਤੂੰ ਆਪ ਹੀ ਸਰਬ-ਵਿਆਪਕ ਹੈਂ, ਤੇ ਰਚਨਹਾਰ ਹੈਂ, ਜਿਨ੍ਹਾਂ ਮਨੁੱਖਾਂ ਨੇ ਗੁਰੂ ਦੇ ਸ਼ਬਦਾਂ ਦੀ ਰਾਹੀਂ (ਆਪਣੇ ਅੰਦਰੋਂ) ਹਉਮੈ ਦੂਰ ਕਰ ਕੇ ਮਨ ਦਾ ਫੁਰਨਾ ਮਨ ਵਿਚ ਹੀ ਲੀਨ ਕਰ ਦਿੱਤਾ ਹੈ, ਉਹਨਾਂ ਨੇ (ਹੇ ਪ੍ਰਭੂ! ਤੇਰੇ ਨਾਲ) ਸਾਂਝ ਪਾ ਲਈ।4।

ਹੇ ਪ੍ਰਭੂ! ਜਿਨ੍ਹਾਂ ਨੂੰ ਤੇਰਾ ਹਰਿ-ਨਾਮ ਪਿਆਰਾ ਲੱਗਦਾ ਹੈ ਤੂੰ ਉਹਨਾਂ ਦੇ ਕੰਮ ਕਰ ਦੇਂਦਾ ਹੈ, ਉਹਨਾਂ ਨੂੰ ਕੋਈ ਚਿੰਤਾ-ਫ਼ਿਕਰ ਹੀ ਨਹੀਂ ਹੁੰਦਾ। ਹੇ ਭਾਈ! ਗੁਰੂ ਦੀ ਕਿਰਪਾ ਨਾਲ ਜਿਨ੍ਹਾਂ ਦੇ ਮਨ ਵਿਚ ਪਰਮਾਤਮਾ ਸਦਾ ਵੱਸਿਆ ਰਹਿੰਦਾ ਹੈ, ਪਰਮਾਤਮਾ ਉਹਨਾਂ ਦੇ ਸਾਰੇ ਕੰਮ ਸਵਾਰ ਦੇਂਦਾ ਹੈ। ਜਿਨ੍ਹਾਂ ਮਨੁੱਖਾਂ ਦਾ ਰਾਖਾ ਪਰਮਾਤਮਾ ਆਪ ਬਣਦਾ ਹੈ, ਉਹਨਾਂ ਦੀ ਬਰਾਬਰੀ ਜੇਹੜਾ ਭੀ ਮਨੁੱਖ ਕਰਦਾ ਹੈ ਉਹ ਖ਼ੁਆਰ ਹੁੰਦਾ ਹੈ।5।

ਬਿਨੁ ਸਤਿਗੁਰ ਸੇਵੇ ਕਿਨੈ ਨ ਪਾਇਆ ਮਨਮੁਖਿਭਉਕਿ ਮੁਏ ਬਿਲਲਾਈ ॥ ਆਵਹਿ ਜਾਵਹਿ ਠਉਰ ਨ ਪਾਵਹਿ ਦੁਖ ਮਹਿ ਦੁਖਿ ਸਮਾਈ ॥ ਗੁਰਮੁਖਿ ਹੋਵੈ ਸੁ ਅੰਮ੍ਰਿਤੁ ਪੀਵੈ ਸਹਜੇ ਸਾਚਿ ਸਮਾਈ ॥੬॥ ਬਿਨੁ ਸਤਿਗੁਰ ਸੇਵੇ ਜਨਮੁ ਨ ਛੋਡੈ ਜੇ ਅਨੇਕ ਕਰਮ ਕਰੈ ਅਧਿਕਾਈ ॥ ਵੇਦ ਪੜਹਿ ਤੈ ਵਾਦ ਵਖਾਣਹਿ ਬਿਨੁ ਹਰਿ ਪਤਿ ਗਵਾਈ ॥ ਸਚਾ ਸਤਿਗੁਰੁ ਸਾਚੀ ਜਿਸੁ ਬਾਣੀ ਭਜਿ ਛੂਟਹਿ ਗੁਰ ਸਰਣਾਈ ॥੭॥ ਜਿਨ ਹਰਿ ਮਨਿ ਵਸਿਆ ਸੇ ਦਰਿ ਸਾਚੇ ਦਰਿ ਸਾਚੈ ਸਚਿਆਰਾ ॥ ਓਨਾ ਦੀ ਸੋਭਾ ਜੁਗਿ ਜੁਗਿ ਹੋਈ ਕੋਇ ਨ ਮੇਟਣਹਾਰਾ ॥ ਨਾਨਕ ਤਿਨ ਕੈ ਸਦ ਬਲਿਹਾਰੈ ਜਿਨ ਹਰਿ ਰਾਖਿਆ ਉਰਿ ਧਾਰਾ ॥੮॥੧॥ {ਪੰਨਾ 638}

ਪਦਅਰਥ:- ਕਿਨੈ—ਕਿਸੇ ਨੇ ਭੀ। ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ। ਭਉਕਿ—ਫ਼ਜ਼ੂਲ ਬੋਲ ਕੇ। ਮੁਏ—ਆਤਮਕ ਮੌਤ ਸਹੇੜ ਬੈਠੇ। ਬਿਲਲਾਈ—ਬਿਲਲਾਇ, ਵਿਲਕ ਕੇ। ਆਵਹਿ ਜਾਵਹਿ—ਜੰਮਦੇ ਹਨ ਮਰਦੇ ਹਨ। ਠਉਰ—ਟਿਕਾਣਾ, ਜਨਮ ਮਰਨ ਤੋਂ ਖ਼ਲ੍ਹੀਰ। ਦੁਖਿ—ਦੁੱਖ ਵਿਚ। ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲਾ ਮਨੁੱਖ। ਅੰਮ੍ਰਿਤੁ—ਆਤਮਕ ਜੀਵਨ ਦੇਣ ਵਾਲਾ ਨਾਮ-ਜਲ। ਸਹਜੇ—ਆਤਮਕ ਅਡੋਲਤਾ ਵਿਚ।

ਸਾਚਿ—ਸਦਾ-ਥਿਰ ਪ੍ਰਭੂ ਵਿਚ। ਸਮਾਈ—ਲੀਨਤਾ।6।

ਜਨਮੁ—ਜਨਮਾਂ ਦਾ ਗੇੜ। ਅਧਿਕਾਈ—ਬਹੁਤ। ਪੜਹਿ—ਪੜ੍ਹਦੇ ਹਨ {ਬਹੁ-ਵਚਨ}। ਤੈ—ਅਤੇ। ਵਾਦ—ਚਰਚਾ, ਬਹਿਸਾਂ। ਪਤਿ—ਇੱਜ਼ਤ। ਸਚਾ—ਸਦਾ-ਥਿਰ (ਪ੍ਰਭੂ ਦਾ ਉਪਦੇਸ਼ ਕਰਨ ਵਾਲਾ)। ਸਾਚੀ—ਸਦਾ-ਥਿਰ ਪ੍ਰਭੂ ਦੀ ਸਿਫ਼ਤਿ-ਸਾਲਾਹ ਵਾਲੀ। ਭਜਿ—ਭੱਜ ਕੇ, ਦੌੜ ਕੇ। ਛੂਟਹਿ—(ਆਤਮਕ ਮੌਤ ਤੋਂ) ਬਚਦੇ ਹਨ।7।

ਮਨਿ—ਮਨ ਵਿਚ। ਦਰਿ—ਪ੍ਰਭੂ ਦੇ ਦਰ ਤੇ। ਸਾਚੇ—ਸੁਰਖ਼-ਰੂ। ਦਰਿ ਸਾਚੈ—ਸਦਾ-ਥਿਰ ਪ੍ਰਭੂ ਦੇ ਦਰ ਤੇ। ਸਚਿਆਰਾ—ਸੁਰਖ਼-ਰੂ, ਇੱਜ਼ਤ ਵਾਲੇ। ਜੁਗਿ ਜੁਗਿ—ਹਰੇਕ ਜੁਗ ਵਿਚ। ਤਿਨ ਕੈ—ਉਹਨਾਂ ਤੋਂ। ਸਦ—ਸਦਾ। ਉਰਿ—ਹਿਰਦੇ ਵਿਚ।

ਅਰਥ:- ਹੇ ਭਾਈ! ਗੁਰੂ ਦੀ ਸ਼ਰਨ ਪੈਣ ਤੋਂ ਬਿਨਾ ਕਿਸੇ ਮਨੁੱਖ ਨੇ ਭੀ (ਪਰਮਾਤਮਾ ਦਾ ਮਿਲਾਪ) ਹਾਸਲ ਨਹੀਂ ਕੀਤਾ। ਆਪਣੇ ਮਨ ਦੇ ਪਿੱਛੇ ਤੁਰਨ ਵਾਲੇ ਮਨੁੱਖ ਫ਼ਜ਼ੂਲ ਬੋਲ ਬੋਲ ਕੇ ਵਿਲਕ ਵਿਲਕ ਕੇ ਆਤਮਕ ਮੌਤ ਸਹੇੜ ਲੈਂਦੇ ਹਨ। ਉਹ ਸਦਾ ਜਨਮ ਮਰਨ ਦੇ ਗੇੜ ਵਿਚ ਪਏ ਰਹਿੰਦੇ ਹਨ (ਇਸ ਗੇੜ ਤੋਂ ਬਚਣ ਲਈ ਕੋਈ) ਠਾਹਰ ਉਹ ਲੱਭ ਨਹੀਂ ਸਕਦੇ, ਦੁੱਖ ਵਿਚ (ਜੀਵਨ ਬਤੀਤ ਕਰਦੇ ਆਖ਼ਰ) ਦੁੱਖ ਵਿਚ (ਹੀ) ਗ਼ਰਕ ਹੋ ਜਾਂਦੇ ਹਨ। ਜੇਹੜਾ ਮਨੁੱਖ ਗੁਰੂ ਦੀ ਸ਼ਰਨ ਪੈਂਦਾ ਹੈ ਉਹ ਆਤਮਕ ਜੀਵਨ ਦੇਣ ਵਾਲਾ ਨਾਮ-ਜਲ ਪੀਂਦਾ ਹੈ, (ਤੇ, ਇਸ ਤਰ੍ਹਾਂ) ਆਤਮਕ ਅਡੋਲਤਾ ਵਿਚ ਸਦਾ-ਥਿਰ ਹਰਿ-ਨਾਮ ਵਿਚ ਲੀਨ ਰਹਿੰਦਾ ਹੈ।6।

ਹੇ ਭਾਈ! ਗੁਰੂ ਦੀ ਸ਼ਰਨ ਪੈਣ ਤੋਂ ਬਿਨਾ (ਮਨੁੱਖ ਨੂੰ ਜਨਮਾਂ ਦਾ ਗੇੜ ਨਹੀਂ ਛੱਡਦਾ, ਉਹ ਭਾਵੇਂ ਬਥੇਰੇ ਅਨੇਕਾਂ ਹੀ (ਮਿੱਥੇ ਹੋਏ ਧਾਰਮਿਕ) ਕਰਮ ਕਰਦਾ ਰਹੇ। (ਪੰਡਿਤ ਲੋਕ) ਵੇਦ (ਆਦਿਕ ਧਰਮ-ਪੁਸਤਕਾਂ) ਪੜ੍ਹਦੇ ਹਨ, ਅਤੇ (ਉਹਨਾਂ ਬਾਬਤ ਨਿਰੀਆਂ) ਬਹਿਸਾਂ (ਹੀ) ਕਰਦੇ ਹਨ। (ਯਕੀਨ ਜਾਣੋ ਕਿ) ਪਰਮਾਤਮਾ ਦੇ ਨਾਮ ਤੋਂ ਬਿਨਾ ਉਹਨਾਂ ਨੇ ਪ੍ਰਭੂ-ਦਰ ਤੇ ਆਪਣੀ ਇੱਜ਼ਤ ਗਵਾ ਲਈ ਹੈ।

ਹੇ ਭਾਈ! ਗੁਰੂ ਸਦਾ-ਥਿਰ ਪ੍ਰਭੂ ਦੇ ਨਾਮ ਦਾ ਉਪਦੇਸ਼ ਕਰਨ ਵਾਲਾ ਹੈ, ਉਸ ਦੀ ਬਾਣੀ ਭੀ ਪਰਮਾਤਮਾ ਦੀ ਸਿਫ਼ਤਿ-ਸਾਲਾਹ ਵਾਲੀ ਹੈ। ਜੇਹੜੇ ਮਨੁੱਖ ਦੌੜ ਕੇ ਗੁਰੂ ਦੀ ਸ਼ਰਨ ਜਾ ਪੈਂਦੇ ਹਨ, ਉਹ (ਆਤਮਕ ਮੌਤ ਤੋਂ) ਬਚ ਜਾਂਦੇ ਹਨ।7।

ਹੇ ਭਾਈ! ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਪਰਮਾਤਮਾ ਆ ਵੱਸਦਾ ਹੈ, ਉਹ ਮਨੁੱਖ ਸਦਾ-ਥਿਰ ਪ੍ਰਭੂ ਦੇ ਦਰ ਤੇ ਸੁਰਖ਼-ਰੂ ਹੋ ਜਾਂਦੇ ਹਨ। ਉਹਨਾਂ ਮਨੁੱਖਾਂ ਦੀ ਵਡਿਆਈ ਹਰੇਕ ਜੁਗ ਵਿਚ ਹੀ ਹੁੰਦੀ ਹੈ, ਕੋਈ (ਨਿੰਦਕ ਆਦਿਕ ਉਹਨਾਂ ਦੀ ਇਸ ਹੋ ਰਹੀ ਵਡਿਆਈ ਨੂੰ) ਮਿਟਾ ਨਹੀਂ ਸਕਦਾ। ਹੇ ਨਾਨਕ! (ਆਖ—) ਮੈਂ ਉਹਨਾਂ ਮਨੁੱਖਾਂ ਤੋਂ ਸਦਕੇ ਜਾਂਦਾ ਹਾਂ, ਜਿਨ੍ਹਾਂ ਨੇ ਪਰਮਾਤਮਾ (ਦੇ ਨਾਮ) ਨੂੰ ਆਪਣੇ ਹਿਰਦੇ ਵਿਚ ਵਸਾ ਰੱਖਿਆ ਹੈ।8।1।